ਨੰ: 11/8/2003-2ਸਿ:3/ 14428

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ,

ਪ੍ਰਿੰਸੀਪਲ,
ਬ੍ਰਹਮ ਮਿਸ਼ਨ ਸਕੂਲ,
ਹਨੂੰਮਾਨਗੜ੍ਹ ਰੋਡ,ਅਬੋਹਰ,
ਜ਼ਿਲ੍ਹਾ ਫਿਰੋਜ਼ਪੁਰ।

ਮਿਤੀ, ਚੰਡੀਗੜ੍ਹ: 20.6.2003

ਵਿਸ਼ਾ: ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜ਼ਾਰੀ ਕਰਨ ਬਾਬਤ।

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: 'ਨਿਲ' ਮਿਤੀ 'ਨਿਲ' ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ......ਫਿਰੋਜ਼ਪੁਰ...... ਅਤੇ ਡੀ.ਪੀ.ਆਈ.ਪ੍ਰਾਈਵੇਟ ਏਡਿਡ(ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ/ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ ਅਜਿਹੇ ਸਕੂਲਾਂ ਵਿੱਚ ਪੰਜਾਬੀ ਦੇ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸੁਪਰਡੰਟ

ਪਿੱਠ ਅੰਕਣ ਨੰ: 11/8/2003-2ਸਿ:3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ, ਪ੍ਰਾਈਵੇਟ ਏਡਿਡ(ਸ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਮੀਮੋ ਨੰ: 15/3-03-ਤ.1(4), ਮਿਤੀ 17.6.2003 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਸੁਪਰਡੰਟ

Shreya 01/10/22

Principal
Brahmrishi Mission Sen. Sec. School
ABOHAR

Managing Director 1/10/22
Brahmrishi Mission Sen. Sec. School
ABOHAR